# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :05-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਅੱਜ ਵਿਸ਼ਵ ਵਾਤਾਵਰਣ ਦਿਵਸ ਮੌਕੇ ਉਪ-ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਵਲੋਂ ਦੇਸ਼ ਵਾਸੀਆਂ ਨੂੰ ਵਾਤਾਵਰਣ ਸੁਰੱਖਿਆ, ਪਾਏਦਾਰ ਜੀਵਨ ਸ਼ੈਲੀ ਅਤੇ ਜੈਵ ਵਿਭਿੰਨਤਾ ਦੀ ਸੰਭਾਲ ਪ੍ਰਤੀ ਆਪਣੀ ਵਚਨਬੱਧਤਾ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਦੇਸ਼-ਵਿਆਪੀ ਮੁਹਿੰਮ "ਏਕ ਪੇੜ ਮਾਂ ਕੇ ਨਾਮ" ਤਹਿਤ ਚੰਡੀਗੜ੍ਹ ਵਿਖੇ ਬੂਟੇ ਲਗਾਉਣ ਦੀ ਮੁਹਿੰਮ ਦੀ ਅਗਵਾਈ ਕੀਤੀ ।

- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਜਲੰਧਰ ਵਿਚ ਸੀਵਰੇਜ ਟ੍ਰੀਟਮੈਂਟ ਪਲਾਂਟ ਤੋਂ ਸੋਧੇ ਹੋਏ ਪਾਣੀ ਨਾਲ ਸਿੰਜਾਈ ਕਰਨ ਸਬੰਧੀ ਪ੍ਰਾਜੈਕਟ ਦਾ ਕੀਤਾ ਉਦਘਾਟਨ।

- ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਲੁਧਿਆਣਾ ਵਿੱਚ 9 ਕੁੜੀਆਂ ਦੇ ਲਾਪਤਾ ਹੋਣ ਦੀਆਂ ਰਿਪੋਰਟਾਂ ਦਾ ਆਪਣੇ ਪੱਧਰ 'ਤੇ ਨੋਟਿਸ ਲਿਆ 8 ਜੂਨ ਤੱਕ ਵੇਰਵੇ ਸਮੇਤ ਰਿਪੋਰਟ ਮੰਗੀ।

- ਸੀਬੀਆਈ ਦੀ ਮੋਹਾਲੀ ਅਦਾਲਤ ਨੇ ਕਰੋੜਾ ਦੇ ਬੈਂਕ ਧੋਖਾਧੜੀ ਮਾਮਲੇ ਵਿਚ ਇੱਕ ਵਿਅਕਤੀ ਨੂੰ ਤਿੰਨ ਸਾਲ ਦੀ ਸਖਤ ਕੈਦ ਦੀ ਸਜਾ ਸੁਣਾਈ।

- ਅੰਮ੍ਰਿਤਸਰ-ਪਠਾਨਕੋਟਕੋਮੀ ਸ਼ਾਹਰਾਹ 'ਤੇ ਅੱਜ ਸਵੇਰੇ ਵਾਪਰੇ ਇਕ ਸੜਕ ਹਾਦਸੇ ਵਿਚ 2 ਵਿਅਕਤੀਆਂ ਦੀ ਮੌਤ ਅਤੇ 14 ਜ਼ਖਮੀ |

## ਹੁਣ ਖ਼ਬਰਾਂ ਵਿਸਥਾਰ ਨਾਲ

ਅੱਜ ਵਿਸ਼ਵ ਵਾਤਾਵਰਣ ਦਿਵਸ ਏ। ਇਹ ਦਿਨ 1973 ਤੋਂ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ ਤਹਿਤ ਧਰਤੀ 'ਤੇ ਜੀਵਨ ਬਚਾਉਣ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਹਰ ਸਾਲ 5 ਜੂਨ ਨੂੰ ਮਨਾਇਆ ਜਾਂਦਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਉਪ ਰਾਸ਼ਟਰਪਤੀ ਸ਼੍ਰੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਹਰੇਕ ਨਾਗਰਿਕ ਨੂੰ ਆਉਣ ਵਾਲੀਆਂ

ਪੀੜ੍ਹੀਆਂ ਲਈ ਸਵੱਛ, ਸਿਹਤਮੰਦ ਅਤੇ ਖੁਸ਼ਹਾਲ ਭਵਿੱਖ ਬਣਾਉਣ ਲਈ ਇਕੱਠੇ ਕੰਮ ਕਰਨ ਦਾ ਸੱਦਾ ਦਿੱਤਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਸ਼ਵ ਵਾਤਾਵਰਣ ਦਿਵਸ 'ਤੇ ਰਾਸ਼ਟਰ ਨੂੰ ਵਧਾਈ ਦਿੱਤੀ ਏ । ਉਨ੍ਹਾਂ ਕਿਹਾ ਕਿ "ਏਕ ਪੇੜ  ਮਾਂ ਕੇ ਨਾਮ" ਵਰਗੀਆਂ ਪਹਿਲਕਦਮੀਆਂ ਨੇ ਹਰ ਸਾਲ ਲਗਭਗ ਇਕ ਲੱਖ 19 ਹਜ਼ਾਰ ਹੈਕਟੇਅਰ ਜੰਗਲਾਤ ਕਵਰ ਜੋੜਣ ਵਿੱਚ ਅਹਿਮ ਯੋਗਦਾਨ ਪਾਇਆ ਏ। ਕੇਂਦਰੀ ਵਾਤਾਵਰਣ, ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰੀ ਭੂਪੇਂਦਰ ਯਾਦਵ ਨੇ ਦੇਸ਼ ਵਾਸੀਆਂ ਨੂੰ ਜਲਵਾਯੂ ਅਤੇ ਭਵਿੱਖ ਲਈ ਕੁਦਰਤ ਤੋਂ ਪ੍ਰੇਰਣਾ ਲੈਂਦੇ ਰਹਿਣ ਦੇ ਆਪਣੇ ਸੰਕਲਪ ਨੂੰ ਦੁਹਰਾਉਣ ਦੀ ਅਪੀਲ ਕੀਤੀ ਏ।

---------------------------------------------------------------

ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ‘ਤੇ ਅੱਜ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ ਵਿਚ ਬੂਟੇ ਲਾਉਣ ਦੀ ਮੁਹਿੰਮ ਦੀ ਅਗਵਾਈ ਕੀਤੀ। ਇਹ ਪਹਿਲ ਦੇਸ਼-ਵਿਆਪੀ ਮੁਹਿੰਮ “ਇੱਕ ਪੇੜ ਮਾਂ ਕੇ ਨਾਮ” ਤਹਿਤ ਕੀਤੀ ਗਈ ਏ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੀ ਕਟਾਰੀਆ ਨੇ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਸਾਂਝੀ ਜ਼ਿੰਮੇਵਾਰੀ ਏ ਅਤੇ ਉਨ੍ਹਾਂ ਨੇ ਨਾਗਰਿਕਾਂ, ਖ਼ਾਸਕਰ ਨੌਜਵਾਨ ਪੀੜ੍ਹੀ ਨੂੰ ਬੂਟੇ ਲਗਾਉਣ ਅਤੇ ਸੰਭਾਲ ਨਾਲ ਸਬੰਧਤ ਸਰਗਰਮੀਆਂ ਵਿੱਚ ਹਿੱਸੇਦਾਰੀ ਦਾ ਸੱਦਾ

ਦਿੱਤਾ। ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ 'ਤੇ, ਸੀਮਾ ਸੁਰੱਖਿਆ ਬਲ 109ਵੀਂ ਬਟਾਲੀਅਨ ਨੇ ਮਾਧੋਪੁਰ ਵਿੱਚ ਇੱਕ ਵਿਸ਼ੇਸ਼ ਸਮਾਗਮ ਦਾ ਕਰਾਵਾਇਆ ਏ । ਇਸ ਦੌਰਾਨ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਬਟਾਲੀਅਨ ਦੇ ਅਹਾਤੇ ਵਿੱਚ ਇੱਕ ਰੁੱਖ ਲਗਾਇਆ। ਸਮਾਗਮ ਦੌਰਾਨ ਕੈਬਿਨੇਟ ਮੰਤਰੀ ਕਟਾਰੂਚੱਕ ਨੇ ਕਿਹਾ

BYTE

ਪੰਜਾਬ ਦੇ ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ ਵੱਲੋਂ ਅੱਜ ਪੁਸ਼ਪਾ ਗੁਜਰਾਲ ਸਾਇੰਸ ਸਿਟੀ (ਪੀਜੀਐਸਸੀ), ਕਪੂਰਥਲਾ ਵਿਖੇ ਵਿਸ਼ਵ ਵਾਤਾਵਰਣ ਦਿਵਸ 2026 ਮਨਾਉਣ ਲਈ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ ਏ। ਸਮਾਗਮ ਦੇ ਮੁੱਖ ਮਹਿਮਾਨ ਪਦਮ ਸ਼੍ਰੀ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ, ਮੈਂਬਰ ਰਾਜ ਸਭਾ ਨੇ ਸਮਾਗਮ ਦਾ ਉਦਘਾਟਨ ਕਰਦਿਆਂ ਸੂਬੇ ਵਿੱਚ ਰੁੱਖ ਲਗਾਉਣ ਸਬੰਧੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ। ਉਨ੍ਹਾਂ ਲੋਕਾਂ ਨੂੰ ਪੌਦੇ ਵੰਡਦੇ ਹੋਏ ਰੁੱਖ ਲਗਾਉਣ ਦੇ ਇਸ ਨੇਕ ਕਾਰਜ ਵਿੱਚ ਵੱਧ ਤੋਂ ਵੱਧ ਹਿੱਸਾ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਦੇਸੀ ਪ੍ਰਜਾਤੀਆਂ ਦੇ ਰੁੱਖ ਲਗਾਉਣ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਪਲਾਸਟਿਕ ਦੀ ਵਰਤੋਂ ਤੋਂ ਗੁਰੇਜ਼ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਉਨ੍ਹਾਂ ਸੂਬੇ ਵਿੱਚ ਵਾਤਾਵਰਣ,

ਕੁਦਰਤ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ ਸੰਸਥਾਵਾਂ ਨੂੰ ਸਨਮਾਨਿਤ ਵੀ ਕੀਤਾ। ਇਸੇ ਤਰ੍ਹਾਂ ਫਿਰੋਜ਼ਪੁਰ ਵਿਚ ਡਿਪਟੀ ਕਮਿਸ਼ਨਰ ਦਫ਼ਤਰ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਅਮਨਦੀਪ ਕੌਰ ਵੱਲੋਂ ਦ ਫ਼ਤਰ ਦੀ ਗਰਾਊਂਡ ਵਿੱਚ ਰਵਾਇਤੀ ਰੁੱਖਾਂ ਦੇ ਪੌਦੇ ਲਗਾਏ ਗਏ ਨੇ |ਓਧਰ, ਸ਼੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਸਵਿੰਦਰ ਸ਼ੀਮਰ ਦੀ ਅਗਵਾਈ ਹੇਠ, ਕਚਹਿਰੀ ਕੰਪਲੈਕਸ, ਸ੍ਰੀ ਮੁਕਤਸਰ ਸਾਹਿਬ ਵਿਖੇ ਵਾਤਾਵਰਨ ਦਿਵਸ ਮਨਾਇਆ ਗਿਆ ਏ।

---------------------------------------------------

ਪ੍ਰਸਿੱਧ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਮੌਕੇ ਸਥਾਨਕ ਬਸਤੀ ਪੀਰ ਦਾਦ ਦੇ ਸੀਵਰੇਜ ਟ੍ਰੀਟਮੈਂਟ ਪਲਾਂਟ ਤੋਂ 25 ਐੱਮ.ਐੱਲ.ਡੀ. ਸੋਧੇ ਹੋਏ ਪਾਣੀ ਦੀ ਵਰਤੋਂ ਕਰਕੇ ਨੇੜਲੇ 4 ਪਿੰਡਾਂ ਦੀ ਖੇਤੀਬਾੜੀ ਜ਼ਮੀਨ ਦੀ ਸਿੰਜਾਈ ਸਬੰਧੀ ਪ੍ਰਾਜੈਕਟ ਦਾ ਉਦਘਾਟਨ ਕੀਤਾ ਗਿਆ ਏ। ਇਸ ਮੌਕੇ ਉਨ੍ਹਾਂ ਨਾਲ ਕਰਤਾਰਪਰ ਤੋਂ ਵਿਧਾਇਕ ਬਲਕਾਰ ਸਿੰਘ ਵੀ ਮੌਜੂਦ ਸਨ। ਸੰਤ ਸੀਚੇਵਾਲ ਨੇ ਆਪਣੇ ਸੰਬੋਧਨ ਦੌਰਾਨ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਬਦਲਵੇਂ ਸਤਹੀ ਪਾਣੀ ਆਧਾਰਿਤ ਸਿੰਜਾਈ ਪਾਣੀ ਸਰੋਤਾਂ

ਨੂੰ ਵਿਕਸਿਤ ਕਰਨ ਅਤੇ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਜ਼ਰੂਰਤ ’ਤੇ ਜ਼ੋਰ ਦਿੱਤਾ ਏ। ਉਨ੍ਹਾਂ ਕਿਹਾ ਕਿ ਸੋਧੇ ਹੋਏ ਪਾਣੀ ਦੀ ਵਰਤੋਂ ਨਾ ਸਿਰਫ਼ ਸਰਕਾਰ ਦੇ ਪਾਣੀ ਸੰਭਾਲ ਮਿਸ਼ਨ ਅਨੁਸਾਰ ਏ ਸਗੋਂ ਇਸ ਸਦਕਾ ਖਾਦ ਦੀ ਜ਼ਰੂਰਤ ਘਟਣ ਨਾਲ ਕਿਸਾਨਾਂ ਨੂੰ ਵੀ ਲਾਭ ਹੋਵੇਗਾ। ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਲੁਧਿਆਣਾ ਵਿੱਚ 9 ਕੁੜੀਆਂ ਦੇ ਲਾਪਤਾ ਹੋਣ ਦੀਆਂ ਰਿਪੋਰਟਾਂ ਦਾ ਆਪਣੇ ਪੱਧਰ ਉੱਤੇ ਨੋਟਿਸ ਲਿਆ ਏ ਏ ਅਤੇ ਜਾਂਚ ਦੇ ਵੇਰਵੇ ਸਮੇਤ ਰਿਪੋਰਟ ਤਲਬ ਕੀਤੀ ਏ। ਚੇਅਰਪਰਸਨ ਰਾਜ ਲਾਲੀ ਗਿੱਲ ਦੀ ਅਗਵਾਈ ਵਾਲੇ ਕਮਿਸ਼ਨ ਨੇ ਇਕ ਹੁਕਮ ਵਿੱਚ, ਲੁਧਿਆਣਾ ਪੁਲਿਸ ਨੂੰ 8 ਜੂਨ ਤੱਕ ਰਿਪੋਰਟ ਪੇਸ਼ ਕਰਨ ਲਈ ਕਿਹਾ ਏ।

---

ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਲੁਧਿਆਣਾ ਵਿੱਚ 9 ਕੁੜੀਆਂ ਦੇ ਲਾਪਤਾ ਹੋਣ ਦੀਆਂ ਰਿਪੋਰਟਾਂ ਦਾ ਆਪਣੇ ਪੱਧਰ ਉੱਤੇ ਨੋਟਿਸ ਲਿਆ ਏ ਏ ਅਤੇ ਜਾਂਚ ਦੇ ਵੇਰਵੇ ਸਮੇਤ ਰਿਪੋਰਟ ਤਲਬ ਕੀਤੀ ਏ। ਚੇਅਰਪਰਸਨ ਰਾਜ ਲਾਲੀ ਗਿੱਲ ਦੀ ਅਗਵਾਈ ਵਾਲੇ ਕਮਿਸ਼ਨ ਨੇ ਇਕ ਹੁਕਮ ਵਿੱਚ, ਲੁਧਿਆਣਾ ਪੁਲਿਸ ਨੂੰ 8 ਜੂਨ ਤੱਕ ਰਿਪੋਰਟ ਪੇਸ਼ ਕਰਨ ਲਈ ਕਿਹਾ ਏ।

---

ਪੰਜਾਬ ਵਿੱਚ, ਕੇਂਦਰੀ ਜਾਂਚ ਬਿਊਰੋ-CBI ਦੀ ਮੋਹਾਲੀ ਸਥਿਤ ਅਦਾਲਤ

ਨੇ ਕਰੋੜਾਂ ਰੁਪਏ ਦੇ ਬੈਂਕ ਧੋਖਾਧੜੀ ਦੇ ਮਾਮਲੇ ਵਿੱਚ, ਅੱਜ ਸਮੀਰ ਦੁਆ ਨੂੰ ਦੋਸ਼ੀ ਠਹਿਰਾਇਆ ਅਤੇ 15,000 ਰੁਪਏ ਦੇ ਜੁਰਮਾਨੇ ਦੇ ਨਾਲ 3 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ। ਸਰਕਾਰੀ ਸੂਤਰਾਂ ਮੁਤਾਬਿਕ ਪੰਜਾਬ ਦੇ ਮੰਡੀ ਗੋਬਿੰਦਗੜ੍ਹ ਵਿਖੇ ਮੈਸਰਜ਼ ਜੀ.ਡੀ. ਇਸਪਾਤ ਉਦਯੋਗ ਵਿੱਚ ਭਾਈਵਾਲ ਦਲੀਪ ਦੁਆ ਅਤੇ ਸਮੀਰ ਦੁਆ ਅਤੇ ਹੋਰਨਾਂ ਖਿਲਾਫ ਇੰਡੀਅਨ ਓਵਰਸੀਜ਼ ਬੈਂਕ ਨਾਲ ਧੋਖਾਧੜੀ ਕਰਨ ਦੀ ਅਪਰਾਧਿਕ ਸਾਜ਼ਿਸ਼ ਵਿੱਚ ਸ਼ਾਮਲ ਹੋਣ ਦਾ ਮਾਮਲਾ ਦਰਜ ਕੀਤਾ ਗਿਆ ਸੀ। ਜਾਂਚ ਵਿੱਚ ਖੁਲਾਸਾ ਹੋਇਆ ਕਿ ਮੁਲਜ਼ਮ ਨੇ ਗਲਤ ਅਤੇ ਮਨਘੜਤ ਜਾਣਕਾਰੀ ਦੇ ਆਧਾਰ 'ਤੇ ਬੈਂਕ ਤੋਂ 4 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ  ਗੈਰ-ਕਾਨੂੰਨੀ ਢੰਗ ਨਾਲ ਪ੍ਰਾਪਤ ਕੀਤੀ ਸੀ ਜਿਸਦੇ ਨਤੀਜੇ ਵਜੋਂ ਬੈਂਕ ਨੂੰ  ਨੁਕਸਾਨ ਹੋਇਆ। ਅਦਾਲਤ ਨੇ ਮੁਕੱਦਮੇ ਤੋਂ ਬਾਅਦ ਮੁਲਜ਼ਮ ਨੂੰ ਦੋਸ਼ੀ ਠਹਿਰਾਇਆ ਅਤੇ ਸਜ਼ਾ ਸੁਣਾਈ। ਸਹਿ-ਦੋਸ਼ੀ ਦਲੀਪ ਦੁਆ ਖਿਲਾਫ ਉਸਦੀ ਮੌਤ ਤੋਂ ਬਾਅਦ ਕਾਰਵਾਈ ਨੂੰ ਖਤਮ ਕਰ ਦਿੱਤਾ ਗਿਆ ਏ।

--------------------------------------------------

ਅੰਮ੍ਰਿਤਸਰ-ਪਠਾਨਕੋਟ ਰਾਸ਼ਟਰੀ ਹਾਈਵੇ 'ਤੇ ਅੱਜ ਸਵੇਰੇ ਮਾਤਾ ਵੈਸ਼ਨੋ ਦੇਵੀ ਤੋਂ ਸ਼ਰਧਾਲੂਆਂ ਨੂੰ ਲੈ ਕੇ ਵਾਪਸ ਪਰਤ ਰਿਹਾ ਚਾਰ ਪਹੀਆ ਵਾਹਨ ਬਟਾਲਾ ਨੇੜੇ ਊਧੋਵਾਲ ਅੱਡੇ ਉੱਤੇ ਹਾਦਸਾਗ੍ਰਸਤ ਹੋ ਗਿਆ।

ਗੁਰਦਾਸਪੁਰ ਤੋਂ ਸਾਡੇ ਪੱਤਰਕਾਰ ਨੇ ਦੱਸਿਆ ਕਿ ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਊਧੋਵਾਲ ਅੱਡੇ ਉੱਤੇ ਇਕ ਟਿਪਰ ਅਚਾਨਕ ਪੱਕੀ ਸੜਕ ਤੋਂ ਕੱਚੇ ਪਾਸੇ ਉਤਰ ਗਿਆ ਤੇ ਪਿੱਛੋਂ ਆ ਰਿਹਾ ਟੈਂਪੂ ਟ੍ਰੈਵਲਰ ਇਸ ਟਿਪਰ ਨਾਲ ਜਾ ਟਕਰਾਇਆ। ਹਾਦਸੇ ਦੌਰਾਨ 2 ਵਿਅਕਤੀਆਂ ਦੀ ਮੌਤ ਹੋ ਗਈ ਅਤੇ 14 ਸ਼ਰਧਾਲੂ ਜ਼ਖ਼ਮੀ ਹੋ ਗਏ ਨੇ। ਸਾਰੇ ਸ਼ਰਧਾਲੂ ਮਾਨਸਾ ਇਲਾਕੇ ਦੇ ਦੱਸੇ ਜਾ ਰਹੇ ਨੇ।

---

ਪੰਜਾਬ ਪੁਲਿਸ ਵੱਲੋਂ ਵਿਦੇਸ਼ੀ ਦਹਿਸ਼ਤਗਰਦੀ ਸਮੂਹ ਦੇ ਦੋ ਸਾਥੀਆਂ ਨੂੰ ਗ੍ਰਿਫ਼ਤਾਰ ਕਰਨ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਲਗਭਗ ਢਾਈ ਕਿਲੋ ਵਜ਼ਨ ਦੇ ਪੂਰੀ ਤਰ੍ਹਾਂ ਤਿਆਰ ਕੀਤੇ RDX -ਅਧਾਰਤ  ਆਈ.ਈ.ਡੀ ਬਰਾਮਦ ਕਰਨ ਤੋਂ ਇੱਕ ਦਿਨ ਬਾਅਦ, ਅੱਜ ਚਾਰ ਹੋਰ ਮੁਲਜ਼ਮਾਂ ਨੂੰ, 5 ਪਿਸਤੌਲਾਂ, 1 ਕਿਲੋ  ਤੋਂ ਵੱਧ ਹੈਰੋਇਨ ਅਤੇ 5 ਲੱਖ ਰੁਪਏ ਦੇ ਡਰੱਗ ਮਨੀ ਨਾਲ ਗ੍ਰਿਫ਼ਤਾਰ ਕੀਤਾ ਏ । ਪੁਲਿਸ ਸੂਤਰਾਂ ਨੇ ਦੱਸਿਆ ਕਿ ਇਨ੍ਹਾਂ ਚਾਰ ਮੁਲਜ਼ਮਾਂ ਵਿੱਚੋਂ ਇੱਕ ਅਫਗਾਨਿਸਤਾਨ ਦਾ ਨਾਗਰਿਕ ਏ । ਉਨ੍ਹਾਂ ਦੇ ਨਾਲ ਦੋ ਨਾਬਾਲਗਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਏ । ਦੋਵੇਂ ਮਾਮਲੇ ਮੋਹਾਲੀ ਅਤੇ ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ ਨਾਲ ਸਬੰਧਤ ਹਨ। ਇਸ ਦੌਰਾਨ, ਕੱਲ੍ਹ ਮੋਹਾਲੀ ਤੋਂ ਅੰਮ੍ਰਿਤਸਰ ਦੇ ਤਿੰਨ ਨੌਜਵਾਨਾਂ ਤੋਂ ਬਰਾਮਦ ਕੀਤੇ ਗਏ ਆਰਡੀਐਕਸ ਨਾਲ ਭਰੇ ਆਈ.ਈ.ਡੀ ਨੂੰ ਸਟੇਟ ਬੰਬ ਡਿਸਪੋਜ਼ਲ ਸਕੁਐਡ ਵਲੋਂ ਬੇਅਸਰ ਅਤੇ ਨਸ਼ਟ ਕਰ ਦਿੱਤਾ ਗਿਆ ਏ ।

ਦੋਵਾਂ ਮਾਮਲਿਆਂ ਵਿੱਚ ਅਗਲੇਰੀ ਜਾਂਚ ਜਾਰੀ ਏ।

-------------------------------------------------------

ਪੰਜਾਬ ਸਰਕਾਰ ਨੇ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਦੋ ਕੈਡਿਟਾਂ ਨੂੰ ਏਅਰ ਫੋਰਸ ਕਾਮਨ ਐਡਮਿਸ਼ਨ ਟੈਸਟ ਅਤੇ ਨੈਸ਼ਨਲ ਡਿਫੈਂਸ ਅਕੈਡਮੀ ਮੈਰਿਟ ਸੂਚੀਆਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਏ। ਕਿਸਾਨ ਦੀ ਧੀ ਮਹਿਕਪ੍ਰੀਤ ਕੌਰ ਨੇ ਏਅਰ ਫੋਰਸ ਅਕੈਡਮੀ ਮੈਰਿਟ ਸੂਚੀ ਵਿੱਚ ਆਲ ਇੰਡੀਆ ਰੈਂਕ 1 ਪ੍ਰਾਪਤ ਕਰਨ ਲਈ ਦੇਸ਼ ਭਰ ਵਿੱਚੋਂ ਸਿਖਰਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਕੋਮਲਪ੍ਰੀਤ ਕੌਰ ਨੇ ਐਨਡੀਏ, ਖੜਕਵਾਸਲਾ ਵਿੱਚ ਦਾਖਲੇ ਲਈ ਏਆਈਆਰ-18 ਹਾਸਲ ਕੀਤਾ।

-----------------------------------------------------

- ਅੱਜ ਵਿਸ਼ਵ ਵਾਤਾਵਰਣ ਦਿਵਸ ਮੌਕੇ ਉਪ-ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਵਲੋਂ ਦੇਸ਼ ਵਾਸੀਆਂ ਨੂੰ ਵਾਤਾਵਰਣ ਸੁਰੱਖਿਆ, ਪਾਏਦਾਰ ਜੀਵਨ ਸ਼ੈਲੀ ਅਤੇ ਜੈਵ ਵਿਭਿੰਨਤਾ ਦੀ ਸੰਭਾਲ ਪ੍ਰਤੀ ਆਪਣੀ ਵਚਨਬੱਧਤਾ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਦੇਸ਼-ਵਿਆਪੀ ਮੁਹਿੰਮ "ਏਕ ਪੇੜ ਮਾਂ ਕੇ ਨਾਮ" ਤਹਿਤ ਚੰਡੀਗੜ੍ਹ ਵਿਖੇ ਬੂਟੇ ਲਗਾਉਣ ਦੀ ਮੁਹਿੰਮ ਦੀ ਅਗਵਾਈ ਕੀਤੀ ।

- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਜਲੰਧਰ ਵਿਚ ਸੀਵਰੇਜ ਟ੍ਰੀਟਮੈਂਟ ਪਲਾਂਟ ਤੋਂ ਸੋਧੇ ਹੋਏ ਪਾਣੀ ਨਾਲ ਸਿੰਜਾਈ ਕਰਨ ਸਬੰਧੀ ਪ੍ਰਾਜੈਕਟ ਦਾ ਕੀਤਾ ਉਦਘਾਟਨ।
- ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਲੁਧਿਆਣਾ ਵਿੱਚ 9 ਕੁੜੀਆਂ ਦੇ ਲਾਪਤਾ ਹੋਣ ਦੀਆਂ ਰਿਪੋਰਟਾਂ ਦਾ ਆਪਣੇ ਪੱਧਰ 'ਤੇ ਨੋਟਿਸ ਲਿਆ 8 ਜੂਨ ਤੱਕ ਵੇਰਵੇ ਸਮੇਤ ਰਿਪੋਰਟ ਮੰਗੀ।

- ਸੀਬੀਆਈ ਦੀ ਮੋਹਾਲੀ ਅਦਾਲਤ ਨੇ ਕਰੋੜਾ ਦੇ ਬੈਂਕ ਧੋਖਾਧੜੀ ਮਾਮਲੇ ਵਿਚ ਇੱਕ ਵਿਅਕਤੀ ਨੂੰ ਤਿੰਨ ਸਾਲ ਦੀ ਸਖਤ ਕੈਦ ਦੀ ਸਜਾ ਸੁਣਾਈ।

- ਅੰਮ੍ਰਿਤਸਰ-ਪਠਾਨਕੋਟਕੋਮੀ ਸ਼ਾਹਰਾਹ 'ਤੇ ਅੱਜ ਸਵੇਰੇ ਵਾਪਰੇ ਇਕ ਸੜਕ ਹਾਦਸੇ ਵਿਚ 2 ਵਿਅਕਤੀਆਂ ਦੀ ਮੌਤ ਅਤੇ 14

--------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜੇ ਨਮਸਕਾਰ !**